# ਦਫਤਰ ਡਾਇਰੈਕਟੋਰੇਟ ਆਫ ਸਕੂਲ ਐਜੂਕੇਸ਼ਨ (ਸੈਕੰਡਰੀ), ਪੰਜਾਬ

ਮੀਮੋ ਨੰ::Transfer Cell/2025/322388/ ੨੬੫੦ ਮਿਤੀ: 06.07.2026

ਜਨਤਕ ਸੂਚਨਾਂ

1.0 ਸਾਲ 2026 ਦੀਆਂ ਆਮ ਬਦਲੀਆਂ ਦੌਰਾਨ ਪੋਰਟਲ ਰਾਹੀਂ ਅਧਿਆਪਕ/ਕੰਪਿਊਟਰ ਫੈਕਲਟੀ/ਕਰਮਚਾਰੀ ਜੋ ਬਦਲੀ ਲਈ ਅਪਲਾਈ ਕਰਨਾ ਚਾਹੁੰਦੇ ਸਨ, ਪਾਸੋਂ ਜਨਤਕ ਸੂਚਨਾਵਾਂ ਜਾਰੀ ਕਰਦੇ ਹੋਏ ਮਿਤੀ 22.05.2026 ਤੱਕ ਆਨਲਾਈਨ ਦਰਖਾਸਤਾਂ ਦੀ ਮੰਗ ਕੀਤੀ ਗਈ ਸੀ। ਉਸ ਉਪਰੰਤ ਦਰਖਾਸਕਰਤਾ ਵਲੋਂ ਭਰੇ ਗਏ ਡਾਟਾ ਨੂੰ ਵੈਰੀਫਾਈ ਕਰਨ ਹਿੱਤ ਸਕੂਲ ਮੁੱਖੀ/ਡੀ.ਡੀ.ਓ ਨੂੰ ਮਿਤੀ 25.05.2026 ਤੋਂ 28.05.2026 ਤੱਕ ਦਾ ਸਮਾਂ ਦਿੱਤਾ ਗਿਆ ਸੀ।

2.0 ਬਦਲੀਆਂ ਦੇ ਪਹਿਲੇ ਗੇੜ ਦੌਰਾਨ ਜਿਲ੍ਹੇ ਦੇ ਅੰਦਰ (Within District) ਬਦਲੀਆਂ ਕਰਨ ਸਬੰਧੀ Station Choice ਲੈਣ ਉਪਰੰਤ ਜੋ ਅਧਿਆਪਕ/ਕੰਪਿਊਟਰ ਫੈਕਲਟੀ/ਕਰਮਚਾਰੀ ਬਦਲੀ ਕਰਵਾਉਣ ਵਿੱਚ ਸਫਲ ਹੋ ਗਏ ਸਨ ਉਹਨਾਂ ਦੇ ਹੁਕਮ ਮਿਤੀ 27.06.2026 ਨੂੰ ਜਾਰੀ ਕਰ ਦਿੱਤੇ ਗਏ ਹਨ।

3.0 ਵਿਭਾਗ ਵਲੋਂ ਬਦਲੀਆਂ ਦੇ ਪਹਿਲੇ ਗੇੜ ਦੌਰਾਨ ਜਿਲ੍ਹੇ ਦੇ ਅੰਦਰ (Within District) ਬਦਲੀਆਂ ਕਰਵਾਉਣ ਸਬੰਧੀ ਇੱਕ ਹੋਰ ਮੌਕਾ ਦਿੱਤਾ ਜਾਂਦਾ ਹੈ। ਜਿੰਨਾਂ ਦਰਖਾਸਤਕਰਤਾਵਾਂ ਨੇ ਬਦਲੀ ਲਈ ਬੇਨਤੀ ਦਿੱਤੀ ਹੈ ਅਤੇ ਉਹ ਜਿਲ੍ਹੇ ਦੇ ਅੰਦਰ (Within District) ਬਦਲੀ ਕਰਵਾਉਣਾ ਚਾਹੁੰਦੇ ਹਨ ਤਾਂ ਉਹ ਈ ਪੰਜਾਬ ਪੋਰਟਲ ਤੇ ਲਾਗ ਇਨ ਕਰਕੇ ਬਦਲੀ ਲਈ Station Choice ਮਿਤੀ 06.07.2026 ਤੋਂ 07.07.2026 (ਸ਼ਾਮ 04:00 ਵਜੇ ਤੱਕ) ਦੇ ਸਕਦੇ ਹਨ। ਬਦਲੀ ਲਈ ਉਪਲਬਧ ਖਾਲੀ ਅਸਾਮੀਆਂ ਦੀ ਸੂਚੀ ਈ ਪੰਜਾਬ ਪੋਰਟਲ ਤੇ Log in ਕਰਕੇ Transfer Menu ਵਿੱਚ Station Choice ਲਿੰਕ ਤੇ ਦਰਸਾਈ ਜਾਵੇਗੀ।

4.0 ਜਿਹੜੇ ਅਧਿਆਪਕ/ਕਰਮਚਾਰੀ ਬਦਲੀ ਕਰਵਾਉਣ ਵਿੱਚ ਸਫਲ ਹੋ ਜਾਣਗੇ ਤਾਂ ਉਹਨਾਂ ਨੂੰ ਬਦਲੀ ਵਾਲੇ ਸਟੇਸਨ ਭਾਵ ਜਿੱਥੇ ਬਦਲੀ ਹੋਈ ਹੈ, ਵਿਖੇ ਜੁਆਇੰਨ ਕਰਨਾ ਲਾਜਮੀ ਹੋਵੇਗਾ, ਕਿਸੇ ਵੀ ਹਾਲਤ ਵਿੱਚ ਬਦਲੀ ਰੱਦ ਨਹੀਂ ਕੀਤੀ ਜਾਵੇਗੀ। ਇਸ ਲਈ ਅਧਿਆਪਕ/ਕਰਮਚਾਰੀ ਬਦਲੀ ਲਈ Station Choice ਬਹੁਤ ਹੀ ਧਿਆਨ ਪੂਰਵਕ ਕਰਨ।

5.0 ਜੇਕਰ ਕਿਸੇ ਅਧਿਆਪਕ/ਕੰਪਿਊਟਰ ਫੈਕਲਟੀ/ਕਰਮਚਾਰੀ ਨੂੰ ਸਟੇਸਨ ਚੁਆਇਸ ਵਿੱਚ ਦਿੱਕਤ ਪੇਸ਼ ਆਉਂਦੀ ਹੈ ਤਾਂ ਉਹ ਜਿਲ੍ਹਾ ਐਮ.ਆਈ.ਐਸ ਕੋਆਰਡੀਨੇਟਰ ਦੀ ਮਦਦ ਲੈ ਸਕਦਾ ਹੈ, ਜਿੰਨਾਂ ਦੀ ਫੋਨ ਨੰਬਰਾਂ ਦੀ ਸੂਚੀ epunjabschool portalਤੇ ਉਪਲਬਧ ਹੈ।

6.7.26

ਸਹਾਇਕ ਡਾਇਰੈਕਟਰ (ਟਰਾਂਸਫਰ ਸੈੱਲ)